ਮਲਾਰ ਮਹਲਾ ੫ ॥ ਦੁਸਟ ਮੁਏ ਬਿਖੁ ਖਾਈ ਰੀ ਮਾਈ ॥ ਜਿਸ ਕੇ ਜੀਅ ਤਿਨ ਹੀ ਰਖਿ ਲੀਨੇ ਮੇਰੇ ਪ੍ਰਭ ਕਉ ਕਿਰਪਾ ਆਈ ॥੧॥ ਰਹਾਉ ॥ ਅੰਤਰਜਾਮੀ ਸਭ ਮਹਿ ਵਰਤੈ ਤਾਂ ਭਉ ਕੈਸਾ ਭਾਈ ॥ ਸੰਗਿ ਸਹਾਈ ਛੋਡਿ ਨ ਜਾਈ ਪ੍ਰਭੁ ਦੀਸੈ ਸਭਨੀ ਠਾਈ ॥੧॥ ਅਨਾਥਾ ਨਾਥੁ ਦੀਨ ਦੁਖ ਭੰਜਨ ਆਪਿ ਲੀਏ ਲੜਿ ਲਾਈ ॥ ਹਰਿ ਕੀ ਓਟ ਜੀਵਹਿ ਦਾਸ ਤੇਰੇ ਨਾਨਕ ਪ੍ਰਭ ਸਰਣਾਈ ॥ ੨॥੧੨॥੧੬॥
{ਪੰਨਾ 1269}

ਪਦ ਅਰਥ:- ਦੁਸਟ—(ਕਾਮਾਦਿਕ) ਚੰਦਰੇ ਵੈਰੀ। ਮੁਏ—ਮਰ ਗਏ, ਮੁੱਕ ਗਏ। ਬਿਖੁ—ਜ਼ਹਰ। ਖਾਈ—ਖਾਇ, ਖਾ ਕੇ। ਜਿਸ ਕੇ—(ਲਫ਼ਜ਼ 'ਜਿਸੁ' ਦਾ ੁ ਸੰਬੰਧਕ 'ਕੇ' ਦੇ ਕਾਰਨ ਉੱਡ ਗਿਆ ਹੈ)। ਜੀਅ—(ਲਫ਼ਜ਼ 'ਜੀਉ' ਤੋਂ ਬਹੁ-ਵਚਨ)। ਤਿਨ ਹੀ—ਤਿਨਿ ਹੀ, ਉਸ ਨੇ ਹੀ (ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਤਿਨਿ' ਦੀ 'ਿ' ਉੱਡ ਗਈ ਹੈ)। ਕਿਰਪਾ—ਦਇਆ, ਤਰਸ।1। ਰਹਾਉ।

ਅੰਤਰਜਾਮੀ—ਹਰੇਕ ਦੇ ਦਿਲ ਦੀ ਜਾਣਨ ਵਾਲਾ। ਵਰਤੈ—ਮੌਜੂਦ ਹੈ। ਭਾਈ—ਹੇ ਭਾਈ! ਕੈਸਾ—ਕੇਹਾ? ਸੰਗਿ—ਨਾਲ। ਸਹਾਈ—ਸਾਥੀ। ਦੀਸੈ—ਦਿੱਸਦਾ ਹੈ।1।

ਨਾਥੁ—ਖਸਮ। ਦੀਨ—ਗਰੀਬ, ਕਮਜ਼ੋਰ, ਨਿਮਾਣੇ। ਭੰਜਨ—ਨਾਸ ਕਰਨ ਵਾਲਾ। ਲੜਿ—ਪੱਲੇ ਨਾਲ। ਜੀਵਹਿ—ਜੀਊਂਦੇ ਹਨ।2।

ਅਰਥ:- ਹੇ ਮਾਂ! (ਮੇਰੇ ਪ੍ਰਭੂ ਦੇ ਮਨ ਵਿਚ ਮੇਰੇ ਉਤੇ ਤਰਸ ਆਇਆ ਹੈ, ਹੁਣ ਕਾਮਾਇਕ) ਚੰਦਰੇ ਵੈਰੀ (ਇਉਂ) ਮੁੱਕ ਗਏ ਹਨ (ਜਿਵੇਂ) ਜ਼ਹਿਰ ਖਾ ਕੇ। ਹੇ ਮਾਂ! ਮੇਰੇ ਪ੍ਰਭੂ ਨੂੰ (ਜਦੋਂ) ਤਰਸ ਆਉਂਦਾ ਹੈ, ਉਸ ਦੇ ਆਪਣੇ ਹੀ ਹਨ ਇਹ ਸਾਰੇ ਜੀਵ, ਉਹ ਆਪ ਹੀ ਇਹਨਾਂ ਦੀ (ਕਾਮਾਦਿਕ ਵੈਰੀਆਂ ਤੋਂ) ਰੱਖਿਆ ਕਰਦਾ ਹੈ।1। ਰਹਾਉ।

ਹੇ ਭਾਈ! ਹਰੇਕ ਦੇ ਦਿਲ ਦੀ ਜਾਣਨ ਵਾਲਾ ਪ੍ਰਭੂ ਸਭ ਜੀਵਾਂ ਵਿਚ ਮੌਜੂਦ ਹੈ (ਜਦੋਂ ਇਹ ਨਿਸ਼ਚਾ ਹੋ ਜਾਏ) ਤਾਂ ਕੋਈ ਡਰ ਪੋਹ ਨਹੀਂ ਸਕਦਾ। ਹੇ ਭਾਈ! ਉਹ ਪ੍ਰਭੂ ਹਰੇਕ ਦੇ ਨਾਲ ਸਾਥੀ ਹੈ, ਉਹ ਛੱਡ ਕੇ ਨਹੀਂ ਜਾਂਦਾ, ਉਹ ਸਭ ਥਾਈਂ ਵੱਸਦਾ ਦਿੱਸਦਾ ਹੈ।1।

ਹੇ ਭਾਈ! ਪਰਮਾਤਮਾ ਨਿਖਸਮਿਆਂ ਦਾ ਖਸਮ ਹੈ, ਗ਼ਰੀਬਾਂ ਦੇ ਦੁੱਖ ਨਾਸ ਕਰਨ ਵਾਲਾ ਹੈ, ਉਹ (ਜੀਵਾਂ ਨੂੰ) ਆਪ ਆਪਣੇ ਲੜ ਲਾਂਦਾ ਹੈ। ਹੇ ਨਾਨਕ! (ਆਖ—) ਹੇ ਹਰੀ! ਹੇ ਪ੍ਰਭੂ! ਤੇਰੇ ਦਾਸ ਤੇਰੇ ਆਸਰੇ ਜੀਊਂਦੇ ਹਨ, ਮੈਂ ਭੀ ਤੇਰੀ ਹੀ ਸਰਨ ਪਿਆ ਹਾਂ।2।12। 16।